ਨੰ : ਸੀ.ਸਹਾਇਕ (ਅਮਲਾ)/ਆਰ.ਟੀ.ਆਈ.ਅਪੀਲ/ਸੰ:ਰ:ਜ:/986 ਮਿਤੀ : 10/11/2020
ਵਲੋਂ,

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਸੇਵਾ ਵਿਖੇ,

ਰਜਿਸਟਰਾਰ,
ਸਹਿਕਾਰੀ ਸਭਾਵਾਂ, ਪੰਜਾਬ,
ਚੰਡੀਗੜ।

19 NOV 2020
4136

ਵਿਸ਼ਾ :- ਆਰ.ਟੀ.ਆਈ.ਐਕਟ-2005 ਤਹਿਤ ਦਾਇਰ ਕੀਤੀ ਗਈ ਅਪੀਲ ਦਾ ਫੈਸਲਾ ਆੱਨ-ਲਾਈਨ ਕਰਨ ਬਾਰੇ।

ਯਾਦ ਪੱਤਰ :

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਬੇਨਤੀ ਸਹਿਤ ਸੂਚਿਤ ਕੀਤਾ ਜਾਂਦਾ ਹੈ ਕਿ ਸ੍ਰੀ ਜਸਵੰਤ ਸਿੰਘ ਪੁੱਤਰ ਸ੍ਰੀ ਕੇਹਰ ਸਿੰਘ, ਪਿੰਡ ਗਿੱਲ, ਡਾਕ: ਚਮਿਆਰਾ, ਤਹਿ: ਅਤੇ ਜ਼ਿਲ੍ਹਾ ਜਲੰਧਰ ਵਲੋਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਰਾਹੀਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਅਦਾਲਤ ਵਿੱਚ ਅਪੀਲ ਦਾਇਰ ਕੀਤੀ ਗਈ ਸੀ। ਇਸ ਅਪੀਲ ਦਾ ਫੈਸਲਾ ਇਸ ਅਦਾਲਤ ਵਲੋਂ ਮਿਤੀ : 15.10.2020 ਨੂੰ ਕਰ ਦਿੱਤਾ ਗਿਆ ਹੈ।

ਡਾਇਰੈਕਟੋਰੇਟ, ਪ੍ਰਸ਼ਾਸਨਿਕ ਸੁਧਾਰ, ਪੰਜਾਬ (ਆਰ.ਟੀ.ਆਈ.ਨੋਡਲ ਸੈਲ-ਪੰਜਾਬ ਸਿਵਲ ਸਕੱਤਰੇਤ-2) ਸੈਕਟਰ-9, ਚੰਡੀਗੜ ਜੀ ਵਲੋਂ ਜਾਰੀ ਪੱਤਰ ਨੰ : ਅੰ.ਵਿ.ਪੱ ਨੰ: 51/8/2014/2 ਆਰ.ਟੀ.ਆਈ.ਐਨ.ਸੀ./ 162, ਮਿਤੀ : 29.06.2015, ਜੋ ਮੁੱਖ-ਦਫਤਰ ਦੇ ਪਿੱਠ ਅੰਕਣ ਨੰ : ਅਮਲਾ/ ਅਸਗ-2/ ਆਰ.ਟੀ.ਆਈ./ 7698, ਮਿਤੀ : 29.06.2015 ਰਾਹੀਂ ਇਸ ਦਫਤਰ ਵਿੱਚ ਪ੍ਰਾਪਤ ਹੋਇਆ, ਰਾਹੀਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਸ੍ਰੀ ਜਸਵੰਤ ਸਿੰਘ (ਅਪੀਲਕਰਤਾ) ਵਲੋਂ ਦਾਇਰ ਕੀਤੀ ਗਈ ਅਪੀਲ ਅਤੇ ਇਸ ਅਦਾਲਤ ਵਲੋਂ ਕੀਤੇ ਗਏ ਫੈਸਲਾ ਮਿਤੀ : 15.10.2020 ਦੀ ਤਸਦੀਕਸ਼ੁਦਾ ਕਾਪੀ ਇਸ ਪੱਤਰ ਨਾਲ ਨੱਥੀ ਭੇਜਦੇ ਹੋਏ ਬੇਨਤੀ ਕੀਤੀ ਜਾਂਦੀ ਹੈ ਕਿ ਇਹ ਦਸਤਾਵੇਜ਼ ਵਿਭਾਗ ਦੀ ਵੈਬ-ਸਾਈਟ ਤੇ ਆੱਨ-ਲਾਈਨ ਕਰਨ ਦੀ ਕ੍ਰਿਪਾਲਤਾ ਕੀਤੀ ਜਾਵੇ ਜੀ।

ਸਹਿਪੱਤਰ/ ਉਪਰੋਕਤ ਅਨੁਸਾਰ।

ਸੰਯੁਕਤ ਰਜਿਸਟਰਾਰ
(ਐਪੀਲਾਂਟ ਅਥਾਰਟੀ)
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਨੰ : ਸੀ.ਸਹਾਇਕ (ਅਮਲਾ)/ ਸੰ:ਰ:ਜ:/ 4894 ਮਿਤੀ : 22/10/2020
ਵਲੋਂ,

ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

ਵੱਲ,

1. ਸ੍ਰੀ ਜਸਵੰਤ ਸਿੰਘ ਪੁੱਤਰ ਸ੍ਰੀ ਕੇਹਰ ਸਿੰਘ,
   ਪਿੰਡ ਗਿੱਲ, ਡਾਕ: ਚਮਿਆਰਾ,
   ਤਹਿ: ਅਤੇ ਜ਼ਿਲ੍ਹਾ ਜਲੰਧਰ।
2. ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ),
   ਸਹਿਕਾਰੀ ਸਭਾਵਾਂ, ਜਲੰਧਰ।

ਵਿਸ਼ਾ :- ਰਾਈਟ ਟੂ ਇਨਫਰਮੇਸ਼ਨ ਐਕਟ-2005 ਦੇ ਸੈਕਸ਼ਨ 19 ਤਹਿਤ ਅਪੀਲ (ਵਲੋਂ ਸ੍ਰੀ ਜਸਵੰਤ ਸਿੰਘ)।

ਹਾਜਰੀ ਮਿਤੀ : 15.10.2020 :

1. ਸ੍ਰੀ ਜਸਵੰਤ ਸਿੰਘ, ਅਪੀਲਕਰਤਾ,
2. ਸ੍ਰੀ ਬਹਾਦੁਰ ਸਿੰਘ, ਜੂਨੀਅਰ ਸਹਾਇਕ
   ਦਫਤਰ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ)
   ਸਹਿਕਾਰੀ ਸਭਾਵਾਂ ਜਲੰਧਰ।

ਹੁੱਕਮ :

ਮਿਸਲ ਸੁਣਵਾਈ ਲਈ ਪੇਸ਼ ਹੋਈ। ਅਪੀਲਕਰਤਾ ਵਲੋਂ ਦਰਖਾਸਤ ਮਿਤੀ : 28.08.2020 ਰਾਹੀਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਪਾਸੋਂ ਮੰਗੀ ਗਈ ਸੂਚਨਾ ਉਸਨੂੰ ਨਾ ਮਿਲਣ ਕਾਰਨ ਇਸ ਅਦਾਲਤ ਪਾਸ ਅਪੀਲ ਦਾਇਰ ਕੀਤੀ ਗਈ। ਅਪੀਲ ਅਨੁਸਾਰ ਪ੍ਰਾਰਥੀ ਵਲੋਂ ਦਰਖਾਸਤ ਮਿਤੀ : 09.07.2020 ਰਾਹੀਂ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਪਾਸੋਂ ਸੂਚਨਾ ਲੈਣ ਲਈ ਅਪਲਾਈ ਕੀਤਾ ਗਿਆ ਸੀ। ਪ੍ਰਾਰਥੀ ਵਲੋਂ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਦੇ ਜਵਾਬ ਵਿੱਚ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਵਲੋਂ ਉਨ੍ਹਾਂ ਦੇ ਪੱਤਰ ਨੰ : ਰ.ਕ./ ਡੀ.ਆਰ.ਜੇ./ 5372, ਮਿਤੀ : 24.07.2020 ਰਾਹੀਂ ਪ੍ਰਾਰਥੀ ਨੂੰ ਰਜਿਸਟਰਾਰ ਸਹਿਕਾਰੀ ਸਭਾਵਾਂ ਪੰਜਾਬ ਚੰਡੀਗੜ ਜੀ ਵਲੋਂ ਜਾਰੀ ਪੱਤਰ ਨੰ : 478, ਮਿਤੀ : 23.05.2001 ਦੀ ਤਸਦੀਕਸ਼ੁਦਾ ਕਾਪੀ ਉਪਲਬੱਧ ਕਰਵਾਈ ਗਈ ਹੈ। ਪ੍ਰਾਰਥੀ ਵਲੋਂ ਅਪੀਲ ਰਾਹੀਂ ਉਸ ਵਲੋਂ ਸੂਚਨਾ ਲੈਣ ਸਬੰਧੀ ਦਿੱਤੀ ਗਈ ਦਰਖਾਸਤ ਦਾ ਪੈਰਾਵਾਇਜ਼ ਜਵਾਬ ਦੇਣ ਲਈ ਬੇਨਤੀ ਕੀਤੀ ਗਈ ਹੈ।

ਦੋਵਾਂ ਧਿਰਾਂ ਨੂੰ ਸੁਣਵਾਈ ਲਈ ਨੋਟਿਸ ਜਾਰੀ ਕੀਤਾ ਗਿਆ ਅਤੇ ਵੱਖ-ਵੱਖ ਮਿਤੀਆਂ ਨੂੰ ਅਪੀਲ ਦੀ ਸੁਣਵਾਈ ਕੀਤੀ ਗਈ।

......2.......

ਮਿਤੀ : 30.09.2020 ਨੂੰ ਅਪੀਲ ਦੀ ਸੁਣਵਾਈ ਦੌਰਾਨ ਅਪੀਲਕਰਤਾ ਵਲੋਂ ਉਸਦੀ ਅਰਜੀ ਸਬੰਧੀ ਲੜੀਵਾਰ ਲਿਖਤੀ ਜਾਣਕਾਰੀ ਦੇਣ ਦਿਵਾਉਣ ਲਈ ਬੇਨਤੀ ਕੀਤੀ ਗਈ। ਸੁਣਵਾਈ ਦੌਰਾਨ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਨੂੰ ਹਦਾਇਤ ਕੀਤੀ ਗਈ ਕਿ ਪ੍ਰਾਰਥੀ ਵਲੋਂ ਸੂਚਨਾ ਲੈਣ ਵਾਸਤੇ ਦਿੱਤੀ ਗਈ ਦਰਖਾਸਤ ਮਿਤੀ : 09.07.2020 ਅਨੁਸਾਰ ਉਸਨੂੰ ਸਾਲ 1987 ਵਿੱਚ ਜੁਆਇੰਨ ਕੀਤੇ ਕਰਮਚਾਰੀਆਂ ਅਤੇ ਸਾਲ 2001 ਤੋਂ ਬਾਦ ਜੁਆਇੰਨ ਕੀਤੇ ਕਰਮਚਾਰੀਆਂ ਦੀ ਸੇਵਾ ਨਵਿਰਤੀ ਦੀ ਉਮਰ ਸਬੰਧੀ ਸੂਚਨਾ ਨਹੀਂ ਦਿੱਤੀ ਗਈ, ਪ੍ਰਾਰਥੀ ਦੀ ਦਰਖਾਸਤ ਮੁਤਾਬਕ ਬਣਦੀ ਦੇਣਯੋਗ ਸੂਚਨਾ ਉਸਨੂੰ ਉਪਲਬੱਧ ਕਰਵਾਈ ਜਾਵੇ ਅਤੇ ਸੁਣਵਾਈ ਦੀ ਅਗਲੀ ਮਿਤੀ ਤੇ ਇਸ ਸਬੰਧੀ ਰਿਕਾਰਡ ਪੇਸ਼ ਕੀਤਾ ਜਾਵੇ।

ਮਿਤੀ : 15.10.2020 ਨੂੰ ਅਪੀਲ ਦੀ ਸੁਣਵਾਈ ਦੌਰਾਨ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਵਲੋਂ ਹਾਜਰ ਆਏ ਸ੍ਰੀ ਬਹਾਦੁਰ ਸਿੰਘ, ਜੂਨੀਅਰ ਸਹਾਇਕ ਵਲੋਂ ਦਫਤਰ ਵਲੋਂ ਜਾਰੀ ਪੱਤਰ ਨੰ : ਰ.ਕ./ ਡੀ.ਆਰ.ਜੇ./ 680, ਮਿਤੀ : 15.10.2020 ਦੀ ਕਾਪੀ ਪੇਸ਼ ਕੀਤੀ ਗਈ, ਜਿਸ ਅਨੁਸਾਰ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਵਲੋਂ ਪ੍ਰਾਰਥੀ ਨੂੰ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਮੰਗੀ ਗਈ ਸੂਚਨਾ ਉਸਨੂੰ ਉਪਲਬੱਧ ਕਰਵਾਈ ਜਾ ਚੁੱਕੀ ਹੈ। ਕਿਉਂ ਜੋ ਉਪ-ਰਜਿਸਟਰਾਰ (ਪਬਲਿਕ ਇਨਫਰਮੇਸ਼ਨ ਅਫਸਰ) ਸਹਿਕਾਰੀ ਸਭਾਵਾਂ ਜਲੰਧਰ ਵਲੋਂ ਪ੍ਰਾਰਥੀ ਨੂੰ ਉਸਦੀ ਮੰਗ ਅਨੁਸਾਰ ਸੂਚਨਾ ਦਿੱਤੀ ਜਾ ਚੁੱਕੀ ਹੈ। ਇਸ ਲਈ ਅਪੀਲਕਰਤਾ ਦੀ ਅਪੀਲ dispose off ਕੀਤੀ ਜਾਂਦੀ ਹੈ।

ਇਸ ਅਦਾਲਤ ਵਲੋਂ ਕੀਤੇ ਗਏ ਫੈਸਲੇ ਨਾਲ ਅਪੀਲਕਰਤਾ ਅਗਰ ਸੰਤੁਸ਼ਟ ਨਾ ਹੋਵੇ ਤਾਂ ਉਹ ਰਾਈਟ ਟੂ ਇਨਫਰਮੇਸ਼ਨ ਐਕਟ-2005 ਤਹਿਤ ਮਾਨਯੋਗ ਸਟੇਟ ਇਨਫਰਮੇਸ਼ਨ ਕਮਿਸ਼ਨ, ਪੰਜਾਬ, ਚੰਡੀਗੜ ਜੀ ਪਾਸ ਦੂਸਰੀ ਅਪੀਲ ਦਾਇਰ ਕਰ ਸਕਦਾ ਹੈ।

ਮਿਤੀ : 15.10.2020.

(ਐਪੀਲਾਂਟ ਅਥਾਰਟੀ)
ਸੰਯੁਕਤ ਰਜਿਸਟਰਾਰ,
ਸਹਿਕਾਰੀ ਸਭਾਵਾਂ, ਜਲੰਧਰ ਮੰਡਲ, ਜਲੰਧਰ।

1 Appeal under R.T.I Act 2005

ਸ੍ਰੀ ਮਾਨ ਜੀ, ਬੇਨਤੀ ਹੈ ਕਿ ਜ਼ਿਲ੍ਹਾ ਰੁਜ਼ਗਾਰ ਅਧਿਕਾਰੀ ਸਹਾਇਕ 5
ਤੋਂ R.T.I Act 2005 ਅਨੁਸਾਰ ਜਾਣਕਾਰੀ ਮੰਗੀ ਗਈ ਸੀ
ਜਿਸ ਦੀ ਤਾਰੀਖ ਇੱਕ ਮਹੀਨਾ ਲੰਘ ਚੁੱਕਾ ਹੈ। ਪਰ ਜ਼ਿਲ੍ਹਾ
ਰੁਜ਼ਗਾਰ ਅਧਿਕਾਰੀ ਸਹਾਇਕ ਵੱਲੋਂ Parawise ਜਾਣਕਾਰੀ
ਨਹੀਂ ਦਿੱਤੀ ਗਈ ਬੇਨਤੀ ਹੈ ਕਿ ਮਹੀਨੇ ਦੇ ਵਿੱਚ ਵਿੱਚ
ਜਾਣਕਾਰੀ ਮੇਰੀ application ਦੀ parawise reply
ਦਿੱਤਾ ਜਾਵੇ। ਇਸ ਵਾਸਤੇ ਆਪ ਜੀ ਅੱਗੇ ਬੇਨਤੀ ਕੀਤੀ ਜਾਂਦੀ
ਹੈ। ਆਪ ਜੀ ਦਾ ਧੰਨਵਾਦ ਹੋਵੇਗਾ।

ਮਿਤੀ 28/8/20

ਆਪ ਜੀ ਦਾ ਸ਼ੁਭਚਿੰਤਕ
Jaswant Singh
ਜਸਵੰਤ ਸਿੰਘ ਪੁੱਤਰ ...
ਪਿੰਡ ...
ਜ਼ਿਲ੍ਹਾ (ਮੋਹਾਲੀ)

Enc. (1) ਜ਼ਿਲ੍ਹਾ ਰੁਜ਼ਗਾਰ ਅਧਿਕਾਰੀ ਨੂੰ
ਦਿੱਤਾ ਗਿਆ ਬੇਨਤੀ ਪੱਤਰ।
(2) ਜ਼ਿਲ੍ਹਾ ਰੁਜ਼ਗਾਰ ਅਧਿਕਾਰੀ ਸਹਾਇਕ ਵੱਲੋਂ ਦਿੱਤੀ ਜਾਣਕਾਰੀ

Mob NO: 94659-90652

ਜ਼ਿਲ੍ਹਾ ਰੁਜ਼ਗਾਰ ਅਧਿਕਾਰੀ ...
ਡਾਇਰੀ ਨੰਬਰ 1834
ਮਿਤੀ 7/9/2020

7/9/20